ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਠਿੰਡਾ

ਕੋਵਿਡ-19

## ਜ਼ਿਲ੍ਹਾ ਬਠਿੰਡਾ ਦੇ ਸਾਰੇ ਮਰੀਜ ਠੀਕ ਹੋ ਕੇ ਘਰ ਪਰਤੇ

## -ਸ਼ੁੱਕਰਵਾਰ ਨੂੰ ਦੋ ਮਰੀਜ ਹੋਰ ਠੀਕ ਹੋਏ

ਬਠਿੰਡਾ, 22 ਮਈ:

ਬਠਿੰਡਾ ਜ਼ਿਲ੍ਹੇ ਦੇ 2 ਕਰੋਨਾ ਨਾਲ ਲੜ ਰਹੇ ਲੋਕ ਜੋ ਹਾਲੇ ਡਾਕਟਰਾਂ ਦੀ ਦੇਖਰੇਖ ਹੇਠ ਸਰਕਾਰੀ ਹਸਪਤਾਲ ਵਿਚ ਸਨ ਨੂੰ ਉਹ ਅੱਜ ਠੀਕ ਹੋ ਕੇ ਆਪਣੇ ਘਰਾਂ ਨੂੰ ਪਰਤ ਗਏ। ਹੁਣ ਜ਼ਿਲ੍ਹੇ ਵਿਚ ਕੋਈ ਵੀ ਕਰੋਨਾ ਮਰੀਜ ਹਸਪਤਾਲ ਵਿਚ ਭਰਤੀ ਨਹੀਂ ਹੈ ਅਤੇ ਜ਼ਿਲ੍ਹੇ ਵਿਚ ਪਾਏ ਗਏ ਸਾਰੇ 43 ਮਰੀਜ ਠੀਕ ਹੋ ਕੇ ਘਰ ਪਰਤ ਚੁੱਕੇ ਹਨ। ਇਹ ਜਾਣਕਾਰੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਬੀ ਸ੍ਰੀ ਨਿਵਾਸਨ ਨੇ ਦਿੱਤੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 41 ਮਰੀਜ ਪਹਿਲਾਂ ਹੀ ਪੂਰੀ ਤਰਾਂ ਠੀਕ ਹੋ ਕੇ ਘਰ ਪਰਤ ਚੁੱਕੇ ਸਨ ਅਤੇ ਕੇਵਲ ਦੋ ਜਣੇ ਹੀ ਹਸਪਤਾਲ ਵਿਚ ਸਨ ਉਹ ਵੀ ਅੱਜ ਠੀਕ ਹੋ ਕੇ ਘਰਾਂ ਨੂੰ ਪਰਤ ਗਏ ਹਨ। ਇਸ ਤਰਾਂ ਹੁਣ ਜ਼ਿਲ੍ਹਾ ਬਠਿੰਡਾ ਇਕ ਵਾਰ ਕਰੋਨਾ ਤੋਂ ਮੁਕਤ ਹੋ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਇਸ ਮੌਕੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਪਹਿਲਾਂ ਦੀ ਤਰਾਂ ਸਾਵਧਾਨੀਆਂ ਵਰਤਨੀਆਂ ਜਾਰੀ ਰੱਖਣ ਅਤੇ ਜਨਤਕ ਥਾਂਵਾਂ ਤੇ ਜਾਣ ਸਮੇਂ ਹਮੇਸਾ ਮਾਸਕ ਪਾਓ ਅਤੇ ਸਮਾਜਿਕ ਦੂਰੀ ਦੇ ਨਿਯਮ ਦਾ ਪਾਲਣ ਕਰੋ ਤਾਂ ਜੋ ਕਰੋਨਾ ਨੂੰ ਜ਼ਿਲ੍ਹੇ ਤੋਂ ਦੂਰ ਰੱਖਿਆ ਜਾ ਸਕੇ।

ਇਸ ਮੌਕੇ ਸਿਵਲ ਸਰਜਨ ਡਾ: ਅਮਰੀਕ ਸਿੰਘ ਨੇ ਦੱਸਿਆ ਕਿ ਜਿੰਨ੍ਹਾਂ ਲੋਕਾਂ ਨੂੰ ਠੀਕ ਹੋਣ ਤੋਂ ਬਾਅਦ ਘਰ ਭੇਜਿਆ ਗਿਆ ਹੈ ਉਨ੍ਹਾਂ ਨੂੰ ਸਾਰੀਆਂ ਜਰੂਰੀ ਸਾਵਧਾਨੀਆਂ ਰੱਖਣ ਲਈ ਕਿਹਾ ਗਿਆ ਹੈ। ਇਸ ਮੌਕੇ ਘਰ ਪਰਤੇ ਰਹੇ ਮਰੀਜਾਂ ਨੇ ਡਾਕਟਰੀ ਅਮਲੇ ਦਾ ਧੰਨਵਾਦ ਵੀ ਕੀਤਾ।

I/26988/2020

Scanned by CamScanner